**ਏ ਰਸਨਾ ਤੂ ਅਨ ਰਸਿ ਰਾਚਿ ਰਹੀ ਤੇਰੀ ਪਿਆਸ ਨ ਜਾਇ ॥ ਪਿਆਸ ਨ ਜਾਇ ਹੋਰਤੁ ਕਿਤੈ ਜਿਚਰੁ ਹਰਿ ਰਸੁ ਪਲੈ ਨ ਪਾਇ ॥ ਹਰਿ ਰਸੁ ਪਾਇ ਪਲੈ ਪੀਐ ਹਰਿ ਰਸੁ ਬਹੁੜਿ ਨ ਤ੍ਰਿਸਨਾ ਲਾਗੈ ਆਇ ॥ ਏਹੁ ਹਰਿ ਰਸੁ ਕਰਮੀ ਪਾਈਐ ਸਤਿਗੁਰੁ ਮਿਲੈ ਜਿਸੁ ਆਇ ॥ ਕਹੈ ਨਾਨਕੁ ਹੋਰਿ ਅਨ ਰਸ ਸਭਿ ਵੀਸਰੇ ਜਾ ਹਰਿ ਵਸੈ ਮਨਿ ਆਇ ॥੩੨॥ {ਪੰਨਾ 921}**

ਪਦਅਰਥ:- ਏ ਰਸਨਾ—ਹੇ (ਮੇਰੀ) ਜੀਭ! ਅਨ ਰਸਿ—ਹੋਰ ਹੋਰ ਰਸ ਵਿਚ। ਰਾਚਿ ਰਹੀ—ਮਸਤ ਹੋ ਰਹੀ ਹੈਂ। ਪਿਆਸ—ਸੁਆਦਾਂ ਦਾ ਚਸਕਾ। ਹੋਰਤੁ ਕਿਤੈ—ਕਿਸੇ ਹੋਰ ਥਾਂ ਤੋਂ। ਪਲੈ ਨ ਪਾਇ—ਨਹੀਂ ਮਿਲਦਾ। ਪੀਐ—ਪੀਂਦਾ ਹੈ। ਬਹੁੜਿ—ਮੁੜ, ਫਿਰ। ਕਰਮੀ—ਪ੍ਰਭੂ ਦੀ ਮੇਹਰ ਨਾਲ। ਹੋਰਿ ਅਨ ਰਸ—ਹੋਰ ਦੂਜੇ ਸਾਰੇ ਸੁਆਦ। ਸਭਿ—ਸਾਰੇ। ਮਨ—ਮਨ ਵਿਚ।

ਅਰਥ:- ਹੇ (ਮੇਰੀ) ਜੀਭ! ਤੂੰ ਹੋਰ ਹੋਰ ਸੁਆਦ ਵਿਚ ਮਸਤ ਹੋ ਰਹੀ ਹੈਂ, (ਇਸ ਤਰ੍ਹਾਂ) ਤੇਰਾ ਸੁਆਦਾਂ ਦਾ ਚਸਕਾ ਦੂਰ ਨਹੀਂ ਹੋ ਸਕਦਾ।

ਜਿਤਨਾ ਚਿਰ ਪਰਮਾਤਮਾ ਦੇ ਸਿਮਰਨ ਦਾ ਆਨੰਦ ਪ੍ਰਾਪਤ ਨਾ ਹੋਵੇ, (ਉਤਨਾ ਚਿਰ) ਕਿਸੇ ਹੋਰ ਥਾਂ ਤੋਂ ਸੁਆਦਾਂ ਦਾ ਚਸਕਾ ਮਿਟ ਨਹੀਂ ਸਕਦਾ।

ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ ਦਾ ਆਨੰਦ ਮਿਲ ਜਾਏ, ਜੋ ਮਨੁੱਖ ਹਰੀ-ਸਿਮਰਨ ਦਾ ਸੁਆਦ ਮਾਣਨ ਲੱਗ ਪਏ, ਉਸ ਨੂੰ ਮਾਇਆ ਦੀ ਤ੍ਰਿਸ਼ਨਾ ਨਹੀਂ ਪੋਹ ਸਕਦੀ। ਪਰ ਇਹ ਹਰੀ-ਨਾਮ ਦਾ ਆਨੰਦ ਪ੍ਰਭੂ ਦੀ ਮੇਹਰ ਨਾਲ ਮਿਲਦਾ ਹੈ (ਉਸ ਨੂੰ ਮਿਲਦਾ ਹੈ) ਜਿਸ ਨੂੰ ਗੁਰੂ ਮਿਲੇ।

ਨਾਨਕ ਆਖਦਾ ਹੈ—ਜਦੋਂ ਹਰੀ-ਸਿਮਰਨ ਦਾ ਆਨੰਦ ਮਨ ਵਿਚ ਵੱਸ ਪਏ, ਤਦੋਂ ਹੋਰ ਹੋਰ ਸਾਰੇ ਚਸਕੇ ਭੁੱਲ ਜਾਂਦੇ ਹਨ। 32।

ਭਾਵ:- ਕਈ ਤਰ੍ਹਾਂ ਦੇ ਖਾਣੇ ਖਾਣ ਨਾਲ ਭੀ ਮਨੁੱਖ ਦਾ ਜੀਭ ਦਾ ਚਸਕਾ ਮੁੱਕਦਾ ਨਹੀਂ। ਬੜਾ ਖ਼ੁਆਰ ਹੁੰਦਾ ਹੈ ਮਨੁੱਖ ਇਸ ਚਸਕੇ ਵਿਚ। ਪਰ ਜਦੋਂ ਮਨੁੱਖ ਨੂੰ ਹਰਿ-ਨਾਮ ਸਿਮਰਨ ਦਾ ਆਨੰਦ ਆਉਣ ਲੱਗ ਪੈਂਦਾ ਹੈ, ਜੀਭ ਦਾ ਚਸਕਾ ਖ਼ਤਮ ਹੋ ਜਾਂਦਾ ਹੈ। ਪਰਮਾਤਮਾ ਦੀ ਮਿਹਰ ਨਾਲ ਜਿਸ ਨੂੰ ਗੁਰੂ ਮਿਲ ਪਏ, ਉਸ ਨੂੰ ਹਰਿ-ਨਾਮ ਦਾ ਆਨੰਦ ਪ੍ਰਾਪਤ ਹੁੰਦਾ ਹੈ।